**ਡਾਇਰੈਕਟਰ ਜਨਰਲ ਸਕੂਲ ਸਿੱਖਿਆ, ਪੰਜਾਬ ਅਤੇ**
**ਸਟੇਟ ਪ੍ਰੋਜੈਕਟ ਡਾਇਰੈਕਟਰ, ਸਰਵ ਸਿੱਖਿਆ ਅਭਿਆਨ ਅਥਾਰਟੀ,ਪੰਜਾਬ,**
**ਐਸ. ਸੀ. ਓ ਨੰ. 104-106, ਸੈਕਟਰ 34 ਏ, ਚੰਡੀਗੜ੍ਹ**

ਸੇਵਾ ਵਿਖੇ

ਰਾਜ ਦੇ ਸਮੂਹ ਜ਼ਿਲ੍ਹਾ ਸਿੱਖਿਆ ਅਫਸਰ (ਸੈ.ਸਿ.) ਅਤੇ (ਐ.ਸਿ.)

ਮੀਮੋ ਨੰ ਸਸਅ/ਕੋਆਰਡੀਨੇਸ਼ਨ/23909-48
ਮਿਤੀ ਚੰਡੀਗੜ੍ਹ : 4.02.2010

**ਵਿਸ਼ਾ ਅਧਿਆਪਕਾਂ ਦੀ ਸਾਲਾਨਾ ਕਾਰ-ਗੁਜਾਰੀ ਰਿਪੋਰਟਾਂ ਬਾਰੇ**

1.0 ਉਪਰੋਕਤ ਵਿਸ਼ੇ ਤੇ ਧਿਆਨ ਦੇਣ ਦੀ ਖੇਚਲ ਕੀਤੀ ਜਾਵੇ ।

2.0 ਆਪ ਜੀ ਨੂੰ ਪਤਾ ਹੋਵੇਗਾ ਕਿ ਸਰਕਾਰ ਵੱਲੋਂ ਪੰਜਾਬ ਰਾਜ ਦੇ ਸਕੂਲਾਂ ਵਿੱਚ ਕੰਮ ਕਰਨ ਵਾਲੇ ਅਧਿਆਪਕਾਂ ਦੀ ਸਾਲਾਨਾ ਗੁਪਤ ਰਿਪੋਰਟ ਲਈ ਪ੍ਰੋਫਾਰਮਾ ਨਿਸ਼ਚਿਤ ਕੀਤਾ ਗਿਆ ਸੀ । ਇਸ ਤੋਂ ਪਹਿਲਾਂ ਇਸੀ ਪ੍ਰੋਫਾਰਮੇ ਵਿੱਚ ਅਧਿਆਪਕਾਂ ਵੱਲੋਂ ਆਪਣੀ ਸਵੈ-ਕਾਰਗੁਜਾਰੀ ਰਿਪੋਰਟ ਭੇਜੀ ਜਾਂਦੀ ਰਹੀਂ ਹੈ । ਪਰੰਤੂ ਸਮੇਂ ਸਮੇਂ ਸਿਰ ਵੱਖ-ਵੱਖ ਅਧਿਆਪਕਾਂ ਵੱਲੋਂ ਇਸ ਪ੍ਰੋਫਾਰਮੇ ਵਿੱਚ ਕਮੀਆ ਬਾਰੇ ਦੱਸਿਆ ਜਾਂਦਾ ਰਿਹਾ ਹੈ ਅਤੇ ਉਨ੍ਹਾਂ ਵੱਲੋਂ ਸੁਝਾਅ ਵੀ ਦਿੱਤੇ ਜਾਂਦੇ ਰਹੇ ਹਨ । ਇਨ੍ਹਾਂ ਸਾਰੀਆ ਗੱਲਾਂ ਨੂੰ ਮੁੱਖ ਰੱਖਦੇ ਹੋਇਆ ਸਰਕਾਰ ਵੱਲੋਂ ਇਹ ਫੈਸਲਾ ਕੀਤਾ ਗਿਆ ਹੈ ਕਿ ਇਸ ਪ੍ਰੋਫਾਰਮੇ ਨੂੰ ਕਿਸੇ ਵੀ ਅਧਿਆਪਕ ਦੀ ਸਾਲਾਨਾ ਗੁਪਤ ਰਿਪੋਰਟ ਦੀ ਅਸੈਸਮੈਂਟ ਨੂੰ ਆਬਜੈਕਟਿਵ ਬਣਾਉਣ ਦੀ ਲੋੜ ਹੈ । ਇਸ ਦੇ ਮੱਦੇ ਨਜ਼ਰ ਵੱਖ-ਵੱਖ ਅਧਿਆਪਕਾਂ ਅਤੇ ਜ਼ਿਲ੍ਹਾ ਸਿੱਖਿਆ ਅਫਸਰਾਂ ਨਾਲ ਮੀਟਿੰਗਾ ਕੀਤੀਆ ਗਈਆਂ ਹਨ ਅਤੇ ਅਧਿਆਪਕਾਂ ਅਤੇ ਜ਼ਿਲ੍ਹਾ ਸਿੱਖਿਆ ਅਫਸਰਾਂ ਵੱਲੋਂ ਦਿੱਤੇ ਗਏ ਸੁਝਾਵਾਂ ਨੂੰ ਧਿਆਨ ਵਿੱਚ ਰੱਖਦੇ ਹੋਇਆ ਇਸ ਪ੍ਰੋਫਾਰਮੇ ਅਤੇ ਹਦਾਇਤਾਂ ਨੂੰ ਇਸ ਪੱਤਰ ਨਾਲ ਨੱਥੀ ਅਨੁਲੱਗ ਅਨੁਸਾਰ ਤਬਦੀਲੀਆ ਕੀਤੀਆ ਹਨ ।

3.0 ਆਪ ਜੀ ਨੂੰ ਲਿਖਿਆ ਜਾਂਦਾ ਹੈ ਕਿ ਇਹ ਪ੍ਰੋਫਾਰਮਾ ਸਬੰਧਤ ਸਕੂਲਾਂ ਦੇ ਸਕੂਲ ਮੁੱਖੀਆਂ ਨੂੰ ਭਿਜਵਾ ਦਿੱਤਾ ਜਾਵੇ ਤਾਂ ਜੋ ਉਹ ਅਧਿਆਪਕਾਂ ਦੇ ਧਿਆਨ ਵਿੱਚ ਲਿਆ ਦੇਣ । ਆਪ ਜੀ ਨੂੰ ਇਹ ਵੀ ਲਿਖਿਆ ਜਾਂਦਾ ਹੈ ਕਿ ਅਧਿਆਪਕਾਂ ਦੀਆ ਸਾਲ 2009-10 ਦੀਆ ਗੁਪਤ ਰਿਪੋਰਟਾਂ ਇਸ ਪ੍ਰੋਫਾਰਮੇ ਵਿੱਚ ਲਿਖੀਆ ਜਾਣ ਅਤੇ ਸਬੰਧਤ ਅਧਿਕਾਰੀ ਵੱਲੋਂ ਇਸ ਪੱਤਰ ਨਾਲ ਜਾਰੀ ਕੀਤੀਆ ਹਦਾਇਤਾਂ ਅਨੁਸਾਰ ਅਧਿਆਪਕਾਂ ਦੀਆ ਰਿਪੋਰਟਾਂ ਰਿਕਾਰਡ ਕੀਤੀਆ ਜਾਣ ।

4.0 ਇਹ ਪੱਤਰ ਮਾਨਯੋਗ ਸਿੱਖਿਆ ਮੰਤਰੀ ਜੀ ਅਤੇ ਸਕੱਤਰ ਸਿੱਖਿਆ ਦੀ ਪ੍ਰਵਾਨਗੀ ਨਾਲ ਜਾਰੀ ਕੀਤਾ ਜਾਂਦਾ ਹੈ ।

ਨੱਥੀ / ਉਪਰੋਕਤ ਅਨੁਸਾਰ

ਡਾਇਰੈਕਟਰ ਜਨਰਲ ਸਕੂਲ ਸਿੱਖਿਆ, ਪੰਜਾਬ

ਪਿਠ ਅੰਕਣ ਨੰ : 23949-53 ਮਿਤੀ : 4.02.2010

ਇਸ ਦਾ ਉਤਾਰਾ ਹੇਠਾਂ ਲਿਖਿਆਂ ਨੂੰ ਸੂਚਨਾ ਅਤੇ ਯੋਗ ਕਾਰਵਾਈ ਲਈ ਭੇਜਿਆ ਜਾਂਦਾ ਹੈ :-

(1) ਡਾਇਰੈਕਟਰ ਸਿੱਖਿਆ ਵਿਭਾਗ ਪੰਜਾਬ (ਸੈ.ਸਿ.) ਅਤੇ (ਐ.ਸਿ.)

(2) ਮੰਡਲ ਸਿੱਖਿਆ ਅਫਸਰ, ਨਾਭਾ, ਜਲੰਧਰ ਅਤੇ ਫਰੀਦਕੋਟ

(3) ਡੀ.ਐਮ. (ਐਮ.ਆਈ.ਐਸ.) ਨੂੰ ਵੈੱਬ ਸਾਈਟ ਤੇ ਪਾਓਣ ਲਈ ।

ਡਾਇਰੈਕਟਰ ਜਨਰਲ ਸਕੂਲ ਸਿੱਖਿਆ, ਪੰਜਾਬ